ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਮਾਜਿਕ ਵਿੱਥ ਦਾ ਰੱਖਿਆ ਜਾ ਰਿਹੈ ਵਿਸ਼ੇਸ਼ ਧਿਆਨ

ਮੰਡੀਆਂ ਵਿੱਚ ਆਈ 14287 ਮੀਟਰਿਕ ਟਨ ਕਣਕ ਵਿੱਚੋਂ 11053 ਮੀਟਰਿਕ ਟਨ ਕਣਕ ਦੀ ਖਰੀਦ

ਕਿਸਾਨ ਜਾਰੀ ਕੀਤੇ ਟੋਕਨਾਂ ਮੁਤਾਬਕ ਆਪਣੀ ਵਾਰੀ ਅਨੁਸਾਰ ਹੀ ਮੰਡੀਆਂ ਵਿੱਚ ਲਿਆ ਰਹੇ ਨੇ ਫ਼ਸਲ

ਫ਼ਤਹਿਗੜ੍ਹ ਸਾਹਿਬ, 21 ਅਪ੍ਰੈਲ :

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ ਆਈ 14,287 ਮੀਟਰਿਕ ਟਨ ਕਣਕ ਵਿੱਚੋਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਨੇ 11,053 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਹੈ ਅਤੇ ਮੰਡੀਆਂ ਵਿੱਚ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲੋੜੀਂਦੀਆਂ ਸਾਵਧਾਨੀਆਂ ਵਰਤਣੀਆਂ ਯਕੀਨੀ ਬਣਾਈਆਂ ਗਈਆਂ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਖਰੀਦੀ ਕਣਕ ਵਿੱਚੋਂ ਪਨਗ੍ਰੇਨ ਵੱਲੋਂ 2188 ਮੀਟਰਿਕ ਟਨ, ਮਾਰਕਫੈਡ ਵੱਲੋਂ 3053 ਮੀਟਰਿਕ ਟਨ, ਪਨਸਪ ਵੱਲੋਂ 2662 ਮੀਟਰਿਕ ਟਨ, ਵੇਅਰ ਹਾਊਸ ਵੱਲੋਂ 1920 ਮੀਟਰਿਕ ਟਨ ਅਤੇ ਐਫ.ਸੀ.ਆਈ. ਵੱਲੋਂ 1230 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨ ਜਾਰੀ ਕੀਤੇ ਟੋਕਨਾਂ ਦੇ ਆਧਾਰ ’ਤੇ ਆਪਣੀ ਵਾਰੀ ਅਨੁਸਾਰ ਹੀ ਫਸਲ ਲੈ ਕੇ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਮੰਡੀਆਂ ਵਿੱਚ ਸਮਾਜਿਕ ਵਿੱਥ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਤੇ ਕੰਮ ਕਰ ਰਹੀ ਲੇਬਰ ਦੇ ਹੱਥ ਸਾਫ ਕਰਨ ਲਈ ਸੈਨੀਟਾਈਜ਼ਰ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਮਾਸਕਾਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ ਤਾਂ ਜੋ ਕੋਵਿਡ-19 ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਸ਼੍ਰੀਮਤੀ ਗਿੱਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਵਰਤਣੀਆਂ ਯਕੀਨੀ ਬਣਾਉਣ ਅਤੇ ਇੱਕ ਦੂਜੇ ਤੋਂ ਘੱਟ ਤੋਂ ਘੱਟ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਖ਼ਿਲਾਫ਼ ਜੰਗ: ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਕੋਰੋਨਾ ਪਾਜ਼ੇਟਿਵ ਆਈ ਔਰਤ ਨੇ ਕੋਰੋਨਾ ਨੂੰ ਦਿੱਤੀ ਮਾਤ

ਕੋਰੋਨਾ ਪਾਜ਼ੇਟਿਵ ਪਾਈ ਗਈ ਦੂਜੀ ਔਰਤ ਦੇ ਸੈਂਪਲ ਮੁੜ ਜਾਂਚ ਲਈ ਭੇਜੇ ਜਾਣਗੇ

ਔਰੰਗਾਬਾਦ ਤੋਂ ਫ਼ਤਹਿਗੜ੍ਹ ਸਾਹਿਬ ਆਈਆਂ ਸਨ ਦੋਵੇਂ ਔਰਤਾਂ

ਠੀਕ ਹੋਈ ਔਰਤ ਨੂੰ ਖਮਾਣੋਂ ਵਿਖੇ 15 ਦਿਨ ਲਈ ਇਕਾਂਤਵਾਸ ਵਿੱਚ ਰੱਖਿਆ

ਫ਼ਤਹਿਗੜ੍ਹ ਸਾਹਿਬ, 21 ਅਪ੍ਰੈਲ

ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਔਰੰਗਾਬਾਦ ਤੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਆਈਆਂ 02 ਔਰਤਾਂ ਨੂੰ ਕੋਰੋਨਾ ਪਾਜ਼ੇਟਿਵ ਪਾਏ ਜਾਣ 'ਤੇ ਗਿਆਨ ਸਾਗਰ ਹਸਪਤਾਲ, ਬਨੂੜ ਵਿਖੇ ਦਾਖਲ ਕਰਵਾਇਆ ਗਿਆ ਸੀ। ਇਨ੍ਹਾਂ ਵਿੱਚੋਂ ਇਕ ਔਰਤ ਦੇ ਕੋਰੋਨਾ ਸਬੰਧੀ ਦੋਵੇਂ ਟੈਸਟ ਨੈਗੇਟਿਵ ਆਉਣ 'ਤੇ ਉਸ ਨੂੰ ਹਸਪਤਾਲ ਤੋਂ ਛੁੱਟੀ ਮਿਲ ਗਈ ਹੈ ਤੇ ਉਸ ਨੂੰ ਖਮਾਣੋਂ ਵਿਖੇ 15 ਦਿਨ ਲਈ ਇਕਾਂਤਵਾਸ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪਾਜ਼ੇਟਿਵ ਪਾਈ ਗਈ ਦੂਜੀ ਔਰਤ ਦੇ ਦੁਬਾਰਾ ਸੈਂਪਲ ਲੈ ਕੇ ਕੱਲ੍ਹ ਜਾਂਚ ਲਈ ਭੇਜੇ ਜਾਣਗੇ।

ਸਿਵਲ ਸਰਜਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਟਾਕਰੇ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਕਰਨ ਤੇ ਘਰਾਂ ਵਿੱਚ ਰਹਿ ਕੇ ਹੀ ਕੋਰੋਨਾ ਖਿਲਾਫ ਜੰਗ ਵਿੱਚ ਸਰਕਾਰ ਨੂੰ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਅਤਿ ਜ਼ਰੂਰੀ ਕੰਮ ਹੋਣ 'ਤੇ ਹੀ ਘਰੋਂ ਬਾਹਰ ਨਿਕਲਿਆ ਜਾਵੇ ਤੇ ਜਦੋਂ ਵੀ ਘਰੋਂ ਬਾਹਰ ਨਿਕਲਨਾ ਹੈ, ਉਦੋਂ ਮਾਸਕ ਦੀ ਵਰਤੋਂ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਤਹਿਗੜ ਸਾਹਿਬ

-ਨੋਵੇਲ ਕੋਰੋਨਾ ਵਾਇਰਸ (ਕੋਵਿਡ 19)-
ਡਾ. ਅਮਰ ਸਿੰਘ ਦੇ ਯਤਨਾਂ ਸਦਕਾ ਇੰਦੌਰ ਵਿੱਚ ਫਸੇ ਯਾਤਰੀਆਂ ਦੀ ਪੰਜਾਬ ਵਾਪਸੀ ਦਾ ਰਾਹ ਖੁੱਲਿਆ
-80 ਤੋਂ ਵਧੇਰੇ ਸ਼ਰਧਾਲੂਆਂ ਨੇ ਲਗਾਈ ਸੀ ਲੋਕ ਸਭਾ ਮੈਂਬਰ ਕੋਲ ਮਦਦ ਦੀ ਗੁਹਾਰ

ਫਤਹਿਗੜ ਸਾਹਿਬ, 21 ਅਪ੍ਰੈਲ -

ਦੇਸ਼ ਵਿੱਚ ਲਾਗੂ ਕੀਤੇ ਲੌਕਡਾਊਨ ਦੇ ਕਾਰਨ ਸ੍ਰੀ ਹਜ਼ੂਰ ਸਾਹਿਬ ਦਰਸ਼ਨਾਂ ਲਈ ਗਏ ਪੰਜਾਬ ਦੇ ਕਈ ਸ਼ਰਧਾਲੂ ਵਾਪਸੀ 'ਤੇ ਥਾਂ-ਥਾਂ ਫਸ ਗਏ ਸਨ। ਇਨਾਂ ਵਿੱਚੋਂ ਹੀ 80 ਦੇ ਕਰੀਬ ਸ਼ਰਧਾਲੂ ਇੰਦੌਰ (ਮੱਧ ਪ੍ਰਦੇਸ਼) ਵਿਖੇ ਪਿਛਲੇ ਕਈ ਦਿਨਾਂ ਤੋਂ ਫਸੇ ਹੋਏ ਸਨ, ਜਿਨਾਂ ਨੂੰ ਹਲਕਾ ਸ੍ਰੀ ਫਤਹਿਗੜ ਸਾਹਿਬ ਤੋਂ ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਦੇ ਯਤਨਾਂ ਸਦਕਾ ਪੰਜਾਬ ਵਾਪਸ ਆਉਣ ਦਾ ਰਾਹ ਖੁੱਲਿਆ ਹੈ।
ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਾ. ਅਮਰ ਸਿੰਘ ਨੇ ਦੱਸਿਆ ਕਿ ਸ੍ਰੀ ਹਜ਼ੂਰ ਸਾਹਿਬ ਤੋਂ ਵਾਪਸ ਪਰਤਦਿਆਂ ਹਲਕਾ ਫਤਹਿਗੜ ਸਾਹਿਬ ਨਾਲ ਸੰਬੰਧਤ 80 ਦੇ ਕਰੀਬ ਸ਼ਰਧਾਲੂ ਇੰਦੌਰ ਵਿਖੇ ਫਸ ਗਏ ਸਨ, ਇਸ ਦੌਰਾਨ ਉਨਾਂ ਨੂੰ ਪ੍ਰਸਾਸ਼ਨ ਵੱਲੋਂ ਥਾਂ-ਥਾਂ ਲਿਜਾ ਕੇ ਠਹਿਰਾਇਆ ਗਿਆ। ਇਨਾਂ ਸ਼ਰਧਾਲੂਆਂ ਵਿੱਚ ਕਈ ਬੱਚੇ, ਔਰਤਾਂ, ਬਿਮਾਰ ਅਤੇ ਬਜ਼ੁਰਗ ਸਨ, ਜਿਨਾਂ ਨੂੰ ਇਸ ਖੱਜਲ ਖੁਆਰੀ ਕਾਰਨ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਨਾਂ ਸ਼ਰਧਾਲੂਆਂ ਨੇ ਉਨਾਂ ਨਾਲ ਸੰਪਰਕ ਕੀਤਾ ਤਾਂ ਉਨਾਂ ਨੇ ਤੁਰੰਤ ਮੱਧ ਪ੍ਰਦੇਸ਼ ਦੇ ਮੁੱਖ ਸਕੱਤਰ ਸ੍ਰ. ਇਕਬਾਲ ਸਿੰਘ ਬੈਂਸ ਨਾਲ ਗੱਲ ਕਰਕੇ ਇਨਾਂ ਦੀ ਪੰਜਾਬ ਵਾਪਸੀ ਲਈ ਰਾਹ ਖੁੱਲਵਾਇਆ।
ਡਾ. ਅਮਰ ਸਿੰਘ ਨੇ ਹਾਲੇ ਵੀ ਸ੍ਰੀ ਹਜ਼ੂਰ ਸਾਹਿਬ ਜਾਂ ਹੋਰ ਥਾਵਾਂ 'ਤੇ ਫਸੇ ਪੰਜਾਬ ਨਾਲ ਸੰਬੰਧਤ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਤੁਰੰਤ ਪੰਜਾਬ ਸਰਕਾਰ ਨਾਲ ਰਾਬਤਾ ਕਰਨ ਤਾਂ ਜੋ ਉਨਾਂ ਦੀ ਸੁਰੱਖਿਅਤ ਵਾਪਸੀ ਲਈ ਯਤਨ ਕੀਤੇ ਜਾ ਸਕਣ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਘਰਾਂ ਦੇ ਅੰਦਰ ਹੀ ਰਹਿਣ ਤਾਂ ਜੋ ਪੰਜਾਬ ਨੂੰ ਇਸ ਭਿਆਨਕ ਬਿਮਾਰੀ ਤੋਂ ਬਚਾਇਆ ਜਾ ਸਕੇ।

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਤੋਂ ਬਚਾਅ ਲਈ ਜ਼ਿਲ੍ਹੇ ਵਿੱਚ ਕਰਫਿਊ ਪਹਿਲਾਂ ਵਾਂਗ ਹੀ ਰਹੇਗਾ ਜਾਰੀ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹੁਕਮ ਜਾਰੀ

ਫ਼ਤਹਿਗੜ੍ਹ ਸਾਹਿਬ, 21 ਅਪ੍ਰੈਲ

ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਵੱਲੋਂ **23 ਮਾਰਚ ਨੂੰ ਲਾਇਆ** ਗਿਆ ਕਰਫਿਊ ਅਗਲੇ ਹੁਕਮਾਂ ਤੱਕ ਜਾਰੀ ਰਹੇਗਾ। ਇਹ ਕਰਫਿਊ ਲਾਏ ਜਾਣ ਤੋਂ ਬਾਅਦ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਵੱਖ ਵੱਖ ਹੁਕਮਾਂ ਤਹਿਤ ਦਿੱਤੀਆਂ ਕੁਝ ਛੋਟਾਂ ਵੀ ਜਾਰੀ ਰਹਿਣਗੀਆਂ। ਪਹਿਲਾਂ ਦਿੱਤੀਆਂ ਗਈਆਂ ਛੋਟਾਂ ਨੂੰ ਛੱਡ ਕੇ ਜ਼ਿਲ੍ਹਾ ਮੈਜਿਸਟਰੇਟ ਦਫ਼ਤਰ ਵੱਲੋਂ ਛੋਟਾਂ ਦਿੱਤੇ ਜਾਣ ਤੋਂ ਬਿਨਾਂ ਕੋਈ ਵੀ ਹੋਰ ਗਤੀਵਿਧੀ ਜਾਂ ਦਫ਼ਤਰਾਂ/ਐਸਟੈਬਲਿਸ਼ਮੈਂਟਸ ਸਬੰਧੀ ਗਤੀਵਿਧੀਆਂ ਨਹੀਂ ਹੋਣਗੀਆਂ।

ਅਤਿ ਜ਼ਰੂਰੀ ਹਾਲਾਤ ਵਿੱਚ ਜੇ ਕਿਸੇ ਨੂੰ ਪਹਿਲਾਂ ਦਿੱਤੀਆਂ ਛੋਟਾਂ ਤੋਂ ਇਲਾਵਾ ਹੋਰ ਕਿਸੇ ਕਿਸਮ ਦੀ ਛੋਟ ਦੀ ਲੋੜ ਹੋਵੇ ਤਾਂ ਉਹ ਜ਼ਿਲ੍ਹਾ ਮੈਜਿਸਟਰੇਟ ਦਫ਼ਤਰ ਨਾਲ ਸੰਪਰਕ ਕਰ ਸਕਦਾ ਹੈ, ਜੇ ਉਹ ਛੋਟ ਜ਼ਰੂਰੀ ਵਸਤਾਂ ਦੇ ਘੇਰੇ ਵਿੱਚ ਆਉਂਦੀ ਹੋਈ ਤਾਂ ਵਿਚਾਰ ਉਪਰੰਤ ਉਹ ਛੋਟ ਦਿੱਤੀ ਜਾ ਸਕਦੀ ਹੈ।

ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ 15 ਅਪ੍ਰੈਲ 2020 ਨੂੰ ਜਾਰੀ ਹਦਾਇਤਾਂ ਮੁਤਾਬਕ ਸਥਾਨਕ ਹਾਲਾਤ ਦੇ ਮੱਦੇਨਜ਼ਰ ਸੂਬੇ ਉਪਰੋਕਤ ਹਦਾਇਤਾਂ ਤੋਂ ਵੱਧ ਸਖ਼ਤ ਕਦਮ ਚੁੱਕ ਸਕਦੇ ਹਨ। ਇਸ ਲਈ ਜ਼ਿਲ੍ਹਾ ਮੈਜਿਸਟਰੇਟ ਨੇ ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਲੋਕਾਂ ਦੀ ਸਿਹਤ ਤੇ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਅਗਲੇ ਹੁਕਮਾਂ ਤੱਕ ਕਰਫਿਊ ਜਾਰੀ ਰੱਖਣ ਦੇ ਹੁਕਮ ਜਾਰੀ ਕੀਤੇ ਹਨ। ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇਗੀ